ਪੰਜਾਬੀ ਬੋਲੋ, ਪੰਜਾਬੀ ਪੜ੍ਹੋ, ਪੰਜਾਬੀ ਲਿਖੋ


**ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਬਠਿੰਡਾ**

ਕਮਰਾ ਨੰ. 225 ਈ-227 ਈ, ਪਹਿਲੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਠਿੰਡਾ-151001

ਈ-ਮੇਲ dlobti.pblanguages@gmail.com


ਵੱਲ

ਜ਼ਿਲ੍ਹਾ ਸਿੱਖਿਆ ਅਫ਼ਸਰ, (ਐ. ਸਿੱ.)
ਜ਼ਿਲ੍ਹਾ ਬਠਿੰਡਾ।
ਪੱਤਰ ਨੰ:2023/ ਮਿਤੀ, ਬਠਿੰਡਾ

ਵਿਸ਼ਾ: **ਮਾਨਯੋਗ ਡਿਪਟੀ ਕਮਿਸ਼ਨਰ ਸਾਹਬ, ਜ਼ਿਲ੍ਹਾ ਬਠਿੰਡਾ ਵੱਲੋਂ ਮਾਤ-ਭਾਸ਼ਾ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਰੱਖੀ ਮੀਟਿੰਗ ਸਬੰਧੀ।**

ਸ਼੍ਰੀਮਾਨ ਜੀ,

ਉਪਰੋਕਤ ਵਿਸ਼ੇ ਸਬੰਧੀ ਆਪ ਨੂੰ ਸੰਯੁਕਤ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ (ਪ੍ਰਚਲਣ ਸ਼ਾਖਾ) ਦੇ ਪੱਤਰ ਨੰ: ਪੰ.ਪ੍ਰਚਾ.(ਸਰਕੂਲਰ)-2022/18954-18977 ਮਿਤੀ, ਪਟਿਆਲਾ 12.12.2022 ਅਤੇ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਵੱਲੋਂ ਪੱਤਰ ਨੰ: 6/41/19-2 ਸਿੱ.ਸੈਲ/857 ਮਿਤੀ 05.12.2022 ਰਾਹੀਂ ਜਾਰੀ ਕੀਤੀਆਂ ਹਦਾਇਤਾਂ ਦੀ ਕਾਪੀ ਇਸ ਪੱਤਰ ਨਾਲ ਨੱਥੀ ਕਰਕੇ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਮਾਨਯੋਗ ਡਿਪਟੀ ਕਮਿਸ਼ਨਰ ਸਾਹਬ, ਜ਼ਿਲ੍ਹਾ ਬਠਿੰਡਾ ਵੱਲੋਂ ਮਾਤ-ਭਾਸ਼ਾ ਪੰਜਾਬੀ ਨੂੰ ਵੱਧ ਤੋਂ ਵੱਧ ਪ੍ਰਫੁੱਲਤ ਕਰਨ ਲਈ **ਮਿਤੀ 30.01.2023 ਨੂੰ ਸਵੇਰੇ ਸਹੀ 10.00 ਵਜੇ ਮੀਟਿੰਗ ਹਾਲ, ਦਫ਼ਤਰ ਡਿਪਟੀ ਕਮਿਸ਼ਨਰ, ਬਠਿੰਡਾ ਵਿਖੇ ਮੀਟਿੰਗ ਰੱਖੀ ਗਈ ਹੈ।** ਇਸ ਲਈ ਆਪ ਨੂੰ ਸੂਚਿਤ ਕਰਦੇ ਹੋਏ ਲਿਖਿਆ ਜਾਂਦਾ ਹੈ ਕਿ ਆਪ ਦਾ ਉਕਤ ਮੀਟਿੰਗ ਵਿੱਚ ਹਾਜ਼ਰ ਹੋਣਾ ਜ਼ਰੂਰੀ ਹੈ। ਇਸ ਤੋਂ ਇਲਾਵਾ ਸਮੂਹ ਪ੍ਰਾਈਵੇਟ ਸਕੂਲਾਂ ਦੇ ਮੁਖੀਆਂ ਨੂੰ ਉਕਤ ਮੀਟਿੰਗ ਵਿੱਚ ਹਾਜ਼ਰ ਹੋਣ ਲਈ ਸੂਚਿਤ ਕਰਨਾ ਯਕੀਨੀ ਬਣਾਇਆ ਜਾਵੇ ਜੀ।

ਧੰਨਵਾਦ ਸਹਿਤ।

ਵਿਸ਼ਵਾਸਪਾਤਰ

ਜ਼ਿਲ੍ਹਾ ਭਾਸ਼ਾ ਅਫ਼ਸਰ
ਬਠਿੰਡਾ

ਪੱਤਰ ਨੰ: 2023/ 69 ਮਿਤੀ, ਬਠਿੰਡਾ 27/01/2023

ਉਤਾਰਾ ਨਿੱਜੀ ਸਹਾਇਕ/ ਡਿਪਟੀ ਕਮਿਸ਼ਨਰ, ਬਠਿੰਡਾ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ।

ਵਿਸ਼ਵਾਸਪਾਤਰ

ਜ਼ਿਲ੍ਹਾ ਭਾਸ਼ਾ ਅਫ਼ਸਰ
ਬਠਿੰਡਾ

ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ. / ਐ.ਸਿ.) ਬਠਿੰਡਾ

E-Mail id: dpobathinda@gmail.com Tel: 0164-2217295

ਵੱਲ

ਸਕੂਲ ਮੁਖੀ,
ਸਮੂਹ ਪ੍ਰਾਈਵੇਟ ਸਕੂਲਜ਼,
ਬਠਿੰਡਾ।

ਪੱਤਰ ਨੰ:-ਸਸਅ/ਆਰ.ਟੀ.ਈ./2022-23/2565
ਮਿਤੀ ਬਠਿੰਡਾ: 27.01.2023

ਵਿਸ਼ਾ- ਮਾਨਯੋਗ ਡਿਪਟੀ ਕਮਿਸ਼ਨਰ ਬਠਿੰਡਾ ਜੀ ਵੱਲੋਂ ਮਾਤ ਭਾਸ਼ਾ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਰੱਖੀ ਮੀਟਿੰਗ ਸਬੰਧੀ।

ਹਵਾਲਾ - ਦਫਤਰ ਜਿਲ੍ਹਾ ਭਾਸ਼ਾ ਅਫਸਰ, ਬਠਿੰਡਾ ਦੇ ਪੱਤਰ ਨੰ: 2023/69 ਮਿਤੀ 27.01.2023

ਅੰਕਿਤ ਵਿਸ਼ਾ ਅਤੇ ਹਵਾਲਾ ਅਧੀਨ ਦਫਤਰ ਜਿਲ੍ਹਾ ਭਾਸ਼ਾ ਅਫਸਰ, ਬਠਿੰਡਾ ਜੀ ਵੱਲੋਂ ਪੱਤਰ ਪ੍ਰਾਪਤ ਹੋਇਆ ਹੈ। ਜਿਸ ਅਨੁਸਾਰ ਮਾਨਯੋਗ ਡਿਪਟੀ ਕਮਿਸ਼ਨਰ ਬਠਿੰਡਾ ਜੀ ਵੱਲੋਂ ਮਾਤ ਭਾਸ਼ਾ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਮਿਤੀ 30.01.2023 ਨੂੰ ਸਵੇਰੇ 10.00 ਵਜੇ ਮੀਟਿੰਗ ਹਾਲ ਦਫਤਰ ਡਿਪਟੀ ਕਮਿਸ਼ਨਰ ਬਠਿੰਡਾ ਵਿਖੇ ਮੀਟਿੰਗ ਰੱਖੀ ਗਈ ਹੈ। ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪ ਵੱਲੋਂ ਸਮੇਂ ਸਿਰ ਮੀਟਿੰਗ ਵਿੱਚ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ।

**ਨੱਥੀ- ਪੱਤਰ ਦੀ ਕਾਪੀ।**

27/1/23

ਜਿਲ੍ਹਾ ਸਿੱਖਿਆ ਅਫਸਰ(ਸੈ.ਸਿ.),
ਬਠਿੰਡਾ

ਜਿਲ੍ਹਾ ਸਿੱਖਿਆ ਅਫਸਰ(ਐ.ਸਿ.),
ਬਠਿੰਡਾ